**ਗੁਰੁ ਸਾਗਰੋ ਰਤਨਾਗਰੁ ਤਿਤੁ ਰਤਨ ਘਣੇਰੇ ਰਾਮ ॥ ਕਰਿ ਮਜਨੋ ਸਪਤ ਸਰੇ ਮਨ ਨਿਰਮਲ ਮੇਰੇ ਰਾਮ ॥ ਨਿਰਮਲ ਜਲਿ ਨ੍ਹ੍ਹਾਏ ਜਾ ਪ੍ਰਭ ਭਾਏ ਪੰਚ ਮਿਲੇ ਵੀਚਾਰੇ ॥ ਕਾਮੁ ਕਰੋਧੁ ਕਪਟੁ ਬਿਖਿਆ ਤਜਿ ਸਚੁ ਨਾਮੁ ਉਰਿ ਧਾਰੇ ॥ ਹਉਮੈ ਲੋਭ ਲਹਰਿ ਲਬ ਥਾਕੇ ਪਾਏ ਦੀਨ ਦਇਆਲਾ ॥ ਨਾਨਕ ਗੁਰ ਸਮਾਨਿ ਤੀਰਥੁ ਨਹੀ ਕੋਈ ਸਾਚੇ ਗੁਰ ਗੋਪਾਲਾ ॥੩॥ {ਪੰਨਾ 437}**

ਪਦਅਰਥ:- ਸਾਗਰੋ—ਸਮੁੰਦਰ। ਰਤਨਾਗਰੁ—{ਰਤਨ-ਆਕਰ} ਰਤਨਾਂ ਦੀ ਖਾਣ। ਤਿਤੁ —ਉਸ (ਸਾਗਰ) ਵਿਚ। ਘਣੇਰੇ—ਬਹੁਤ। ਮਜਨੋ—ਇਸ਼ਨਾਨ। ਸਪਤ ਸਰੇ—ਪੰਜ ਗਿਆਨ-ਇੰਦ੍ਰੇ, ਮਨ ਤੇ ਬੁੱਧੀ। ਜਲਿ—ਜਲ ਵਿਚ। ਨ੍ਹ੍ਹਾਏ—ਇਸ਼ਨਾਨ ਕਰਦਾ ਹੈ। ਜਾ—ਜਦੋਂ। ਪ੍ਰਭੂ ਭਾਏ—ਪ੍ਰਭੂ ਨੂੰ ਪਸੰਦ ਆਉਂਦਾ ਹੈ। ਪੰਚ—ਸਤ, ਸੰਤੋਖ, ਦਇਆ, ਧਰਮ, ਧੀਰਜ (ਇਹ ਪੰਜੇ)। ਵੀਚਾਰੇ—ਗੁਰ-ਸ਼ਬਦ ਦੀ ਵਿਚਾਰ ਨਾਲ। ਬਿਖਿਆ—ਮਾਇਆ। ਤਜਿ—ਤਿਆਗ ਕੇ। ਉਰਿ—ਹਿਰਦੇ ਵਿਚ। ਸਮਾਨਿ—ਵਰਗਾ, ਬਰਾਬਰ ਦਾ।3।

ਗੁਰੂ (ਇਕ) ਸਮੁੰਦਰ ਹੈ, ਗੁਰੂ ਰਤਨਾਂ ਦੀ ਖਾਣ ਹੈ , ਉਸ ਵਿਚ (ਸੁਚੱਜੀ ਜੀਵਨ-ਸਿੱਖਿਆ ਦੇ), ਅਨੇਕਾਂ ਰਤਨ ਹਨ। (ਹੇ ਸਹੇਲੀਏ! ਉਸ ਵਿਚ) ਪੰਜੇ ਗਿਆਨ-ਇੰਦ੍ਰਿਆਂ ਮਨ ਤੇ ਬੁੱਧੀ ਸਮੇਤ ਇਸ਼ਨਾਨ ਕਰ, ਤੇਰਾ ਮਨ ਪਵਿਤ੍ਰ ਹੋ ਜਾਇਗਾ।

ਜੀਵ (ਗੁਰ-ਸ਼ਬਦ ਰੂਪ) ਪਵਿਤ੍ਰ ਜਲ ਵਿਚ ਤਦੋਂ ਹੀ ਇਸ਼ਨਾਨ ਕਰ ਸਕਦਾ ਹੈ ਜਦੋਂ ਪ੍ਰਭੂ ਨੂੰ ਚੰਗਾ ਲੱਗਦਾ ਹੈ, (ਗੁਰੂ ਦੇ ਸ਼ਬਦ ਦੀ ) ਵਿਚਾਰ ਦੀ ਬਰਕਤਿ ਨਾਲ ਇਸ ਨੂੰ (ਸਤ, ਸੰਤੋਖ, ਦਇਆ, ਧਰਮ ਤੇ ਧੀਰਜ) ਪੰਜੇ ਹੀ ਪ੍ਰਾਪਤ ਹੋ ਜਾਂਦੇ ਹਨ, ਅਤੇ ਕਾਮ ਕ੍ਰੋਧ ਖੋਟ (ਮਾਇਆ ਦਾ ਮੋਹ ਆਦਿਕ) ਤਿਆਗ ਕੇ ਜੀਵ ਸਦਾ-ਥਿਰ ਪ੍ਰਭੂ-ਨਾਮ ਨੂੰ ਆਪਣੇ ਹਿਰਦੇ ਵਿਚ ਵਸਾ ਲੈਂਦਾ ਹੈ।

ਜੇਹੜਾ ਮਨੁੱਖ ਦੀਨਾਂ ਤੇ ਦਇਆ ਕਰਨ ਵਾਲੇ ਪਰਮਾਤਮਾ ਨੂੰ ਪ੍ਰਾਪਤ ਕਰ ਲੈਂਦਾ ਹੈ, ਉਸ ਦੇ ਅੰਦਰੋਂ ਹਉਮੈ, ਲੋਭ ਦੀ ਲਹਰ , ਤੇ ਲੱਬ (ਆਦਿਕ) ਮੁੱਕ ਜਾਂਦੇ ਹਨ। ਹੇ ਨਾਨਕ ! ਗੁਰੂ ਸਦਾ-ਥਿਰ ਪ੍ਰਭੂ ਗੋਪਾਲ ਦਾ ਰੂਪ ਹੈ, ਗੁਰੂ ਵਰਗਾ ਹੋਰ ਕੋਈ ਤੀਰਥ ਨਹੀਂ ਹੈ।3।